**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 30-06-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਮ ਚੋਣਾਂ ਤੋਂ ਬਾਅਦ ਆਕਾਸ਼ਵਾਣੀ 'ਤੇ ਆਪਣੇ ਪਹਿਲੇ 'ਮਨ ਕੀ ਬਾਤ' ਪ੍ਰੋਗਰਾਮ ਵਿਚ ਦੇਸ਼ ਵਿਦੇਸ਼ ਦੇ ਲੋਕਾਂ ਨਾਲ ਵਿਚਾਰ ਸਾਂਝੇ ਕੀਤੇ।
- ਪ੍ਰਧਾਨ ਮੰਤਰੀ ਮੋਦੀ ਨੇ ਦੇਸ਼ ਦੇ ਸੰਵਿਧਾਨ ਤੇ ਲੋਕਤੰਤਰੀ ਪ੍ਰਣਾਲੀਆਂ ਵਿੱਚ ਆਪਣੇ ਵਿਸ਼ਵਾਸ ਨੂੰ ਦੁਹਰਾਉਣ ਲਈ ਲੋਕਾਂ ਦਾ ਧੰਨਵਾਦ ਕੀਤਾ।
- ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਪੰਜਾਬ ਸਰਕਾਰ ਨੂੰ ਸੂਬੇ ਦੇ ਵਿਕਾਸ ਸੰਬੰਧੀ ਪ੍ਰੋਜੈਕਟਾਂ ਤੇ ਕੇਂਦਰ ਨਾਲ ਚਰਚਾ ਕਰਨ ਦੀ ਸਲਾਹ ਦਿੱਤੀ।

- ਆਜ਼ਾਦ ਭਾਰਤ ਦੇ ਆਪਣੇ ਤਿੰਨ ਨਵੇਂ ਅਪਰਾਧਿਕ ਕਾਨੂੰਨ ਦੇਸ਼ ਵਿਚ ਕਲ ਤੋਂ ਲਾਗੂ ਹੋ ਜਾਣਗੇ, ਮੌਜੂਦਾ ਸਮੇਂ ਮੁਤਾਬਿਕ ਬਣਾਏ ਇਹ ਕ਼ਾਨੂਨ ਨਾਗਰਿਕ ਕੇਂਦਰਿਤ ਨੇ।

-------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਦੇ ਸੰਵਿਧਾਨ ਤੇ ਲੋਕਤੰਤਰੀ ਪ੍ਰਣਾਲੀਆਂ ਵਿੱਚ ਆਪਣੇ ਵਿਸ਼ਵਾਸ ਨੂੰ ਦੁਹਰਾਉਣ ਲਈ ਲੋਕਾਂ ਦਾ ਧੰਨਵਾਦ ਕੀਤਾ ਏ। ਆਮ ਚੋਣਾਂ ਤੋਂ ਬਾਅਦ ਆਕਾਸ਼ਵਾਣੀ 'ਤੇ ਅੱਜ ਸਵੇਰੇ ਆਪਣੇ ਪਹਿਲੇ 'ਮਨ ਕੀ ਬਾਤ' ਪ੍ਰੋਗਰਾਮ ਵਿਚ ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਉਨਾਂ ਕਿਹਾ ਕਿ 2024 ਦੀਆਂ ਲੋਕ ਸਭਾ ਚੋਣਾਂ ਦੁਨੀਆ ਦੀਆਂ ਸਭ ਤੋਂ ਵੱਡੀਆਂ ਚੋਣਾਂ ਸਨ, ਜਿਸ ਵਿਚ 65 ਕਰੋੜ ਲੋਕਾਂ ਨੇ ਆਪਣੀ ਵੋਟ ਪਾਈ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਸਾਲ ਵਿਸ਼ਵ ਵਾਤਾਵਰਣ ਦਿਵਸ 'ਤੇ ਸ਼ੁਰੂ ਕੀਤੀ ਗਈ ਵਿਸ਼ੇਸ਼ ਮੁਹਿੰਮ - 'ਏਕ ਪੇੜ ਮਾਂ ਕੇ ਨਾਮ' ਬਾਰੇ ਗੱਲ ਕਰਦਿਆਂ ਲੋਕਾਂ ਨੂੰ ਆਪਣੀਆਂ ਮਾਵਾਂ ਦੇ ਨਾਲ ਜਾਂ ਆਪਣੀਆਂ ਮਾਵਾਂ ਦੇ ਨਾਂ 'ਤੇ ਇੱਕ ਰੁੱਖ ਲਗਾਉਣ ਦੀ ਅਪੀਲ ਕੀਤੀ। ਆਕਾਸ਼ਵਾਣੀ ਦੇ ਸੰਸਕ੍ਰਿਤ

ਬੁਲੇਟਿਨ ਵਲੋਂ ਅੱਜ ਆਪਣੇ ਪ੍ਰਸਾਰਣ ਦੇ 50 ਸਾਲ ਪੂਰੇ ਕਰਨ ਤੇ ਪ੍ਰਧਾਨ ਮੰਤਰੀ ਮੋਦੀ ਨੇ ਆਕਾਸ਼ਵਾਣੀ ਪਰਿਵਾਰ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਸ ਬੁਲੇਟਿਨ ਨੇ ਬਹੁਤ ਸਾਰੇ ਲੋਕਾਂ ਨੂੰ ਸੰਸਕ੍ਰਿਤ ਨਾਲ ਜੋੜ ਕੇ ਰੱਖਿਆ ਏ। ਪ੍ਰਧਾਨ ਮੰਤਰੀ ਮੋਦੀ ਨੇ 'ਮਨ ਕੀ ਬਾਤ' ਰਾਹੀਂ ਇੱਕ ਵਾਰ ਫਿਰ ਲੋਕਾਂ ਨਾਲ ਜੁੜਨ ਦੇ ਯੋਗ ਹੋਣ 'ਤੇ ਖੁਸ਼ੀ ਪ੍ਰਗਟਾਉਂਦਿਆਂ ਕਿਹਾ ਕਿ 'ਮਨ ਕੀ ਬਾਤ' ਭਾਰਤ ਦੇ ਅਮੀਰ ਸੱਭਿਆਚਾਰ, ਇਤਿਹਾਸ ਅਤੇ ਵਿਕਸਤ ਭਾਰਤ ਬਣਾਉਣ ਦੇ ਯਤਨਾਂ 'ਤੇ ਚਰਚਾ ਕਰਦੀ ਰਹੇਗੀ।

---------------------------------------------------------------

ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਸਨ 1989 ਦੌਰਾਨ ਮੋਗਾ ਦੇ ਸ਼ਹੀਦੀ ਪਾਰਕ ਵਿਖੇ ਇਕ ਅੱਤਵਾਦੀ ਹਮਲੇ ਵਿਚ ਮਾਰੇ ਗਏ 25 ਵਿਅਕਤੀਆਂ ਦੀ ਯਾਦ ਵਿਚ ਅੱਜ ਆਯੋਜਿਤ ਸ਼ਰਧਾਂਜਲੀ ਸਮਾਗਮ ਵਿਚ ਸ਼ਿਰਕਤ ਕੀਤੀ। ਭਾਰਤੀ ਜਨਤਾ ਪਾਰਟੀ ਦੇ ਜਨਰਲ ਸਕੱਤਰ ਅਨਿਲ ਸਰੀਨ, ਕਿਸਾਨ ਮੋਰਚਾ ਦੇ ਕੌਮੀ ਸਕੱਤਰ ਸੁਖਵਿੰਦਰ ਸਿੰਘ ਗਰੇਵਾਲ ਅਤੇ ਸਾਬਕਾ ਵਿਧਾਇਕ ਡਾ. ਹਰਜੋਤ ਸਿੰਘ ਕਮਲ ਵੀ

ਸਮਾਗਮ ਵਿਚ ਸ਼ਾਮਿਲ ਹੋਏ। ਆਪਣੇ ਸੰਬੋਧਨ ਵਿਚ ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਉਨਾਂ ਦੇ ਆਪਣੇ ਪਰਿਵਾਰ ਨੇ ਵੀ ਅੱਤਵਾਦ ਦਾ ਇਹ ਸੰਤਾਪ ਹੰਢਾਇਆ ਏ ਅਤੇ ਉਹ ਇਸ ਦਰਦ ਨੂੰ ਭਲੀ ਭਾਂਤ ਸਮਝ ਸਕਦੇ ਨੇ। ਉਨਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਪੰਜਾਬ ਦੀ ਕਾਇਆ ਕਲਪ ਕਰਨੀ ਚਾਹੁੰਦੇ ਨੇ ਅਤੇ ਹੁਣ ਸੂਬਾ ਸਰਕਾਰ ਦਾ ਫ਼ਰਜ਼ ਬਣਦਾ ਏ ਕਿ ਉਹ ਕੇਂਦਰ ਦੇ ਮੰਤਰੀਆਂ ਨੂੰ ਮਿਲ ਕੇ ਸੂਬੇ ਦੀ ਤਰੱਕੀ ਤੇ ਖੁਸ਼ਹਾਲੀ ਲਈ ਆਪਣੀਆਂ ਮੰਗਾਂ ਰੱਖਣ।

---------------------------------------------------------------

ਦੇਸ਼ ਵਿਚ ਭਲਕੇ ਪਹਿਲੀ ਜੁਲਾਈ ਤੋਂ ਆਜ਼ਾਦ ਭਾਰਤ ਦੇ ਆਪਣੇ ਤਿੰਨ ਨਵੇਂ ਅਪਰਾਧਿਕ ਕਾਨੂੰਨ, ਭਾਰਤੀ ਨਿਆਏ ਸੰਹਿਤਾ, ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ ਅਤੇ ਭਾਰਤੀ ਸਾਕਸ਼ਯ ਐਕਟ ਲਾਗੂ ਹੋ ਜਾਣਗੇ। ਇਹ ਮੌਜੂਦਾ ਸਮੇਂ ਮੁਤਾਬਿਕ ਬਣਾਏ ਗਏ ਨੇ ਅਤੇ ਅੰਗਰੇਜ਼ੀ ਸ਼ਾਸਨ ਸਮੇਂ ਬਣੇ ਕਾਨੂੰਨਾਂ ਦੀ ਥਾਂ ਲੈਣਗੇ। ਇਨਾਂ ਵਿਚ ਸਬੂਤ ਦਸਤਾਵੇਜਾਂ ਦੀ ਪਰਿਭਾਸ਼ਾ ਦਾ ਵਿਸਥਾਰ ਕਰਕੇ ਇਲੈਕਟ੍ਰਾਨਿਕ ਜਾਂ ਡਿਜੀਟਲ ਰਿਕਾਰਡਸ ਵਰਗੇ ਈ - ਮੇਲ, ਸਰਵਰ ਲੌਗਸ, ਕੰਪਿਊਟਰ, ਸਮਾਰਟ

ਫੋਨ, ਲੈਪਟਾਪਸ, ਐਸ ਐਮ ਐਸ, ਵੈਬਸਾਈਟ, ਸਥਾਨਿਕ ਸਬੂਤ ਅਤੇ ਡਿਵਾਈਸ 'ਤੇ ਉਪਲਬਧ ਮੇਲ ਤੇ ਸੰਦੇਸ਼ ਨੂੰ ਕਾਨੂੰਨੀ ਵੈਧਤਾ ਦਿੱਤੀ ਗਈ ਏ । ਹੋਰ ਵੇਰਵੇ ਨਾਲ ਇਹ ਰਿਪੋਰਟ:

---------------------------------------------------------

ਭਾਰਤ ਨੇ ਦੂਜੀ ਵਾਰ ਆਈ ਸੀ ਸੀ ਟੀ - 20 ਕ੍ਰਿਕਟ ਵਿਸ਼ਵ ਕੱਪ ਦਾ ਖਿਤਾਬ ਜਿੱਤ ਲਿਆ ਏ। ਬੀਤੀ ਰਾਤ ਬਾਰਬਡੋਸ ਵਿੱਚ ਹੋਏ ਰੋਮਾਂਚਕ ਫਾਈਨਲ ਵਿੱਚ ਭਾਰਤ ਨੇ ਦੱਖਣੀ ਅਫਰੀਕਾ ਨੂੰ ਸੱਤ ਦੌੜਾਂ ਦੇ ਫਰਕ ਨਾਲ ਹਰਾਇਆ। ਇਸ ਜਿੱਤ ਦੇ ਜਸ਼ਨ ਵਿਚ ਦੇਸ਼ ਦੇ ਹੋਰਨਾਂ ਹਿੱਸਿਆਂ ਵਾਂਗ ਪੰਜਾਬ ਦੇ ਲੋਕ ਵੀ ਪੂਰੀ ਤਰ੍ਹਾਂ ਨਾਲ ਸ਼ਾਮਲ ਹੋਏ।

---------------------------------------------------------

ਪੰਜਾਬ ਦੇ ਕਈ ਜ਼ਿਲਿਆਂ ਵਿਚ ਬੀਤੀ ਦੇਰ ਰਾਤ ਤੋਂ ਸਵੇਰ ਸਾਰ ਤਕ ਪਏ ਹਲਕੇ ਤੋਂ ਦਰਮਿਆਨੇ ਮੀਂਹ ਨਾਲ ਲੋਕਾਂ ਨੇ ਅੱਤ ਦੀ ਗਰਮੀ ਤੋਂ ਸੁਖ ਦਾ ਸਾਹ ਲਿਆ ਏ। ਹਾਲਾਂਕਿ ਦਿਨ ਵੇਲੇ ਮੌਸਮ ਸਾਫ ਬਣ ਗਿਆ ਅਤੇ ਧੁੱਪ ਨਿਕਲ ਆਈ। ਜਲੰਧਰ ਤੇ ਆਲੇ ਦੁਆਲੇ ਦੇ ਇਲਾਕਿਆਂ

ਵਿਚ ਸਵੇਰ ਤਕ ਰੁਕ ਰੁਕ ਕੇ ਮੀਂਹ ਪੈਂਦਾ ਰਿਹਾ ਅਤੇ ਤੇਜ ਹਵਾਵਾਂ ਵਗਦੀਆਂ ਰਹੀਆਂ। ਮੀਂਹ ਨਾਲ ਤਾਪਮਾਨ ਵਿਚ ਗਿਰਾਵਟ ਆਈ ਏ। ਸਵੇਰੇ 8 ਵਜੇ ਤਕ ਅੰਮ੍ਰਿਤਸਰ ਵਿਚ ਸਭ ਤੋਂ ਵੱਧ 40 ਇਸ਼ਾਰਿਆ 5 ਮਿਲੀਮੀਟਰ ਮੀਂਹ ਦਰਜ਼ ਕੀਤਾ ਗਿਆ। ਮੀਂਹ ਦੌਰਾਨ ਕਈ ਇਲਾਕਿਆਂ ਵਿਚ ਬਿਜਲੀ ਸਪਲਾਈ ਵੀ ਲੰਮੇ ਸਮੇ ਤਕ ਬੰਦ ਰਹੀ ਜਿਸ ਨਾਲ ਲੋਕਾਂ ਨੂੰ ਖੱਜਲ ਖ਼ੁਆਰ ਹੋਣਾ ਪਿਆ। ਮੌਸਮ ਵਿਭਾਗ ਨੇ ਸੂਬੇ ਦੇ 9 ਜ਼ਿਲਿਆਂ ਵਿਚ ਅਗਲੇ ਤਿੰਨ ਦਿਨ ਲਈ ਮੀਂਹ ਅਤੇ ਹਨੇਰੀ ਝਖੜ ਸੰਬੰਧੀ ਯੈਲੋ ਅਲਰਟ ਜਾਰੀ ਕੀਤਾ ਏ।